ਪ੍ਰਭਾਤੀ ਮਹਲਾ ੫ ॥ ਸਗਲੇ ਦੂਖ ਮਿਟੇ ਸੁਖ ਦੀਏ ਅਪਨਾ ਨਾਮੁ ਜਪਾਇਆ ॥ ਕਰਿ ਕਿਰਪਾ ਅਪਨੀ ਸੇਵਾ ਲਾਏ ਸਗਲਾ ਦੁਰਤੁ ਮਿਟਾਇਆ ॥ ੧॥ ਹਮ ਬਾਰਿਕ ਸਰਨਿ ਪ੍ਰਭ ਦਇਆਲ ॥ ਅਵਗਣ ਕਾਟਿ ਕੀਏ ਪ੍ਰਭਿ ਅਪੁਨੇ ਰਾਖਿ ਲੀਏ ਮੇਰੈ ਗੁਰ ਗੋਪਾਲਿ ॥ ੧॥ ਰਹਾਉ ॥ ਤਾਪ ਪਾਪ ਬਿਨਸੇ ਖਿਨ ਭੀਤਰਿ ਭਏ ਕ੍ਰਿਪਾਲ ਗੁਸਾਈ ॥ ਸਾਸਿ ਸਾਸਿ ਪਾਰਬ੍ਰਹਮੁ ਅਰਾਧੀ ਅਪੁਨੇ ਸਤਿਗੁਰ ਕੈ ਬਲਿ ਜਾਈ ॥੨॥ ਅਗਮ ਅਗੋਚਰੁ ਬਿਅੰਤੁ ਸੁਆਮੀ ਤਾ ਕਾ ਅੰਤੁ ਨ ਪਾਈਐ ॥ ਲਾਹਾ ਖਾਟਿ ਹੋਈਐ ਧਨਵੰਤਾ ਅਪੁਨਾ ਪ੍ਰਭੂ ਧਿਆਈਐ ॥ ੩॥ ਆਠ ਪਹਰ ਪਾਰਬ੍ਰਹਮੁ ਧਿਆਈ ਸਦਾ ਸਦਾ ਗੁਨ ਗਾਇਆ ॥ ਕਹੁ ਨਾਨਕ ਮੇਰੇ ਪੂਰੇ ਮਨੋਰਥ ਪਾਰਬ੍ਰਹਮੁ ਗੁਰੁ ਪਾਇਆ ॥੪॥੪॥ {ਪੰਨਾ 1338}

ਪਦ ਅਰਥ:- ਦੀਏ—ਦਿੱਤੇ। ਸਗਲੇ—ਸਾਰੇ। ਕਰਿ—ਕਰ ਕੇ। ਸੇਵਾ—ਭਗਤੀ। ਦੁਰਤੁ—ਪਾਪ।1।

ਪ੍ਰਭ ਦਇਆਲ—ਹੇ ਦਇਆ ਦੇ ਘਰ ਪ੍ਰਭੂ! ਬਾਰਿਕ—ਬੱਚੇ। ਕਾਟਿ—ਕੱਟ ਕੇ। ਪ੍ਰਭਿ—ਪ੍ਰਭੂ ਨੇ। ਮੇਰੈ ਗੋਪਾਲਿ—ਮੇਰੇ ਗੋਪਾਲ ਨੇ, ਮੇਰੇ ਪ੍ਰਭੂ ਨੇ। ਗੋਪਾਲਿ—ਗੋਪਾਲ ਨੇ, ਸ੍ਰਿਸ਼ਟੀ ਦੇ ਰੱਖਿਅਕ ਨੇ।1। ਰਹਾਉ।

ਤਾਪ—ਦੁੱਖ-ਕਲੇਸ਼। ਭੀਤਰਿ—ਵਿਚ। ਗੁਸਾਈ—ਗੋਸਾਈਂ, ਧਰਤੀ ਦਾ ਖਸਮ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਸਾਸਿ—ਸਾਹ ਦੀ ਰਾਹੀਂ। ਅਰਾਧੀ—ਅਰਾਧੀਂ, ਮੈਂ ਆਰਾਧਦਾ ਹਾਂ। ਕੈ ਬਲਿ ਜਾਈ—ਕੈ ਬਲਿ ਜਾਈਂ, (ਗੁਰੂ) ਤੋਂ ਮੈਂ ਸਦਕੇ ਜਾਂਦਾ ਹਾਂ।2।

ਅਗਮ—ਅਪਹੁੰਚ। ਅਗੋਚਰੁ—(ਅ-ਗੋ-ਚਰੁ। ਗੋ—ਇੰਦ੍ਰੇ। ਚਰੁ—ਪਹੁੰਚ) ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਨ ਪਾਈਐ—ਨਹੀਂ ਪਾਇਆ ਜਾ ਸਕਦਾ। ਖਟਿ—ਖੱਟ ਕੇ। ਹੋਈਐ—ਹੋ ਜਾਈਦਾ ਹੈ। ਧਿਆਈਐ—ਧਿਆਉਣਾ ਚਾਹੀਦਾ ਹੈ।3।

ਧਿਆਈ—ਧਿਆਈਂ, ਮੈਂ ਧਿਆਉਂਦਾ ਹਾਂ। ਪਾਇਆ—ਲੱਭ ਲਿਆ ਹੈ।4।

ਅਰਥ:- ਹੇ ਦਇਆ ਦੇ ਸੋਮੇ ਪ੍ਰਭੂ! ਅਸੀਂ (ਜੀਵ ਤੇਰੇ) ਬੱਚੇ (ਤੇਰੀ) ਸਰਨ ਹਾਂ। ਹੇ ਭਾਈ! ਧਰਤੀ ਦੇ ਰੱਖਿਅਕ ਪ੍ਰਭੂ ਨੇ (ਜਿਨ੍ਹਾਂ ਦੀ) ਰੱਖਿਆ ਕੀਤੀ, (ਉਹਨਾਂ ਦੇ ਅੰਦਰੋਂ) ਔਗੁਣ ਦੂਰ ਕਰ ਕੇ (ਉਹਨਾਂ ਨੂੰ ਉਸ) ਪ੍ਰਭੂ ਨੇ ਆਪਣੇ ਬਣਾ ਲਿਆ।1। ਰਹਾਉ।

ਹੇ ਭਾਈ! (ਪ੍ਰਭੂ ਨੇ) ਮਿਹਰ ਕਰ ਕੇ (ਜਿਨ੍ਹਾਂ ਨੂੰ) ਆਪਣੀ ਭਗਤੀ ਵਿਚ ਜੋੜਿਆ, (ਉਹਨਾਂ ਦੇ ਅੰਦਰੋਂ ਉਸ ਨੇ) ਸਾਰਾ ਪਾਪ ਦੂਰ ਕਰ ਦਿੱਤਾ। ਜਿਨ੍ਹਾਂ ਨੂੰ ਉਸ ਨੇ ਆਪਣਾ ਨਾਮ ਜਪਣ ਦੀ ਪ੍ਰੇਰਨਾ ਕੀਤੀ, ਉਹਨਾਂ ਨੂੰ ਉਸ ਨੇ ਸਾਰੇ ਸੁਖ ਬਖ਼ਸ਼ ਦਿੱਤੇ, (ਉਹਨਾਂ ਅੰਦਰੋਂ) ਸਾਰੇ ਦੁੱਖ ਦੂਰ ਹੋ ਗਏ।1।

ਹੇ ਭਾਈ! ਧਰਤੀ ਦੇ ਖਸਮ ਪ੍ਰਭੂ ਜੀ (ਜਿਨ੍ਹਾਂ ਉੱਤੇ) ਦਇਆਵਾਨ ਹੋਏ, (ਉਹਨਾਂ ਦੇ) ਸਾਰੇ ਦੁੱਖ-ਕਲੇਸ਼ ਸਾਰੇ ਪਾਪ ਇਕ ਖਿਨ ਵਿਚ ਨਾਸ ਹੋ ਗਏ। ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, (ਉਸ ਦੀ ਮਿਹਰ ਨਾਲ) ਮੈਂ ਆਪਣੇ ਹਰੇਕ ਸਾਹ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ।2।

ਹੇ ਭਾਈ! ਮਾਲਕ-ਪ੍ਰਭੂ ਅਪਹੁੰਚ ਹੈ, ਉਸ ਤਕ (ਜੀਵਾਂ ਦੇ) ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਹ ਬੇਅੰਤ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ। ਹੇ ਭਾਈ! ਆਪਣੇ ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, (ਉਸ ਦਾ ਨਾਮ ਹੀ ਅਸਲ ਧਨ ਹੈ, ਇਹ) ਲਾਭ ਖੱਟ ਕੇ ਧਨਵਾਨ ਬਣ ਜਾਈਦਾ ਹੈ।3।

ਹੇ ਨਾਨਕ! ਆਖ—(ਹੇ ਭਾਈ!) ਮੈਨੂੰ ਗੁਰੂ ਮਿਲ ਪਿਆ ਹੈ (ਗੁਰੂ ਦੀ ਕਿਰਪਾ ਨਾਲ) ਮੈਨੂੰ ਪਰਮਾਤਮਾ ਮਿਲ ਪਿਆ ਹੈ, ਮੇਰੀਆਂ ਸਾਰੀਆਂ ਮਨੋ-ਕਾਮਨਾਂ ਪੂਰੀਆਂ ਹੋ ਗਈਆਂ ਹਨ। ਹੁਣ ਮੈਂ ਅੱਠੇ ਪਹਰ ਉਸ ਦਾ ਨਾਮ ਸਿਮਰਦਾ ਹਾਂ ਸਦਾ ਹੀ ਉਸ ਦੇ ਗੁਣ ਗਾਂਦਾ ਰਹਿੰਦਾ ਹਾਂ।4। 4।